ਦਫ਼ਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ, ਐਸ.ਏ.ਐਸ.ਨਗਰ।

(ਪ੍ਰਮੋਸ਼ਨ ਸੈੱਲ)

ਹੁਕਮ ਨੰਬਰ (ਈ-558091/2023)/(ਪੀ-3)/2024172961

ਮਿਤੀ, ਐਸ.ਏ.ਐਸ.ਨਗਰ- 17.07.2024

1. ਪਬਲਿਕ ਨੋਟਿਸ ਮਿਤੀ 12.06.2024 ਰਾਹੀਂ ਨਾਨ-ਟੀਚਿੰਗ ਤੋਂ ਮਾਸਟਰ ਕਾਡਰ ਦੇ ਸਾਇੰਸ, ਹਿਸਾਬ ਅਤੇ ਅੰਗਰੇਜੀ ਵਿਸ਼ਿਆਂ ਵਿੱਚ ਪਦ-ਉੱਨਤੀ ਲਈ ਯੋਗ ਕਰਮਚਾਰੀਆਂ ਦੇ ਕੇਸ ਮੰਗੇ ਗਏ ਸਨ।
2. ਖੇਤਰੀ ਦਫ਼ਤਰਾਂ ਵਿੱਚ ਕੰਮ ਕਰਦੇ ਵੱਖ-2 ਕਰਮਚਾਰੀਆਂ ਤੋਂ ਪ੍ਰਾਪਤ ਕੇਸਾਂ ਨੂੰ ਵਿਚਾਰਦਿਆਂ ਹੇਠ ਲਿਖੇ ਕਰਮਚਾਰੀਆਂ ਦੀ ਪਦ-ਉੱਨਤੀ ਪੇ-ਸਕੇਲ Punjab Civil Services (Revised Pay) Rules 2021 ਦੇ ਲੈਵਲ 10 ਵਿੱਚ ਕੀਤੀ ਜਾਂਦੀ ਹੈ-

**<u>ਵਿਸ਼ਾ- ਸਾਇੰਸ ਮਾਸਟਰ</u>**

| ਲੜੀ ਨੰਬਰ | ਇੰਟਰਸੇ ਸੀਨੀ. ਨੰਬਰ | ਸਟਾਫ ਆਈ.ਡੀ. e-punjab / iHRMS | ਕਰਮਚਾਰੀ ਦਾ ਨਾਮ | ਅਹੁੱਦਾ | ਮੌਜੂਦਾ ਕੰਮ ਕਰਨ ਦਾ ਸਥਾਨ | ਕੈਟਾਗਰੀ | ਜਨਮ ਮਿਤੀ | ਰਿਜ. ਰੋਸਟਰ ਨੁਕਤਾ | ਅਲਾਟ ਕੀਤਾ ਗਿਆ ਸਟੇਸ਼ਨ |
|---|---|---|---|---|---|---|---|---|---|
| 1 | 1 | 85625 | ਸ਼੍ਰੀ ਗੋਰਵ ਸ਼ਰਮਾਂ | ਐਸ.ਐਲ.ਏ. | ਸਕੂਲ ਆਫ ਐਮੀਨੈਂਸ, ਫਿਰੋਜਪੁਰ ਸਿਟੀ, ਫਿਰੋਜਪੁਰ | ਜਨਰਲ | 20.7.88 | ਕੋਈ ਨਹੀਂ | ਸਸਸਸ ਕਰੀਆਂ ਪਹਿਲਵਾਨ, ਫਿਰੋਜਪੁਰ |
| 2 | 2 | 96274 | ਸ਼੍ਰੀ ਰਜਨੀਸ਼ ਸਲਗੋਤਰਾ, | ਐਸ.ਐਲ.ਏ., | ਸਸਸਸ ਦੁਰੰਗਖੱਡ, ਪਠਾਨਕੋਟ | ਜਨਰਲ | 18.1.85 | ਕੋਈ ਨਹੀਂ | ਸਹਸ ਡੇਹਰੀਵਾਲ, ਪਠਾਨਕੋਟ |

**<u>ਵਿਸ਼ਾ- ਹਿਸਾਬ</u>**

| ਲੜੀ ਨੰਬਰ | ਇੰਟਰਸੇ ਸੀਨੀ. ਨੰਬਰ | ਸਟਾਫ ਆਈ.ਡੀ. e-punjab / iHRMS | ਕਰਮਚਾਰੀ ਦਾ ਨਾਮ | ਅਹੁੱਦਾ | ਮੌਜੂਦਾ ਕੰਮ ਕਰਨ ਦਾ ਸਥਾਨ | ਕੈਟਾਗਰੀ | ਜਨਮ ਮਿਤੀ | ਰਿਜ. ਰੋਸਟਰ ਨੁਕਤਾ | ਅਲਾਟ ਕੀਤਾ ਗਿਆ ਸਟੇਸ਼ਨ |
|---|---|---|---|---|---|---|---|---|---|
| 1 | 1 | 148301 | ਉਰਵਸ਼ੀ ਰਘਵੋਤਰਾ | ਐਸ.ਐਲ.ਏ. | ਸਕੰਸਸਸ ਬੋਗੋਵਾਲ, ਪਠਾਨਕੋਟ | ਜਨਰਲ | 4.12.87 | ਕੋਈ ਨਹੀਂ | ਸਸਸਸ ਛੀਨਾ ਬੇਟ, ਜਿਲ੍ਹਾ ਗੁਰਦਾਸਪੁਰ |

**ਵਿਸ਼ਾ- ਅੰਗਰੇਜੀ ਮਾਸਟਰ**

| ਲੜੀ ਨੰਬਰ | ਇੰਟਰਸੇ ਸੀਨੀ. ਨੰਬਰ | ਸਟਾਫ ਆਈ.ਡੀ. e-punjab / iHRMS | ਕਰਮਚਾਰੀ ਦਾ ਨਾਮ | ਅਹੁੱਦਾ | ਮੌਜੂਦਾ ਕੰਮ ਕਰਨ ਦਾ ਸਥਾਨ | ਕੈਟਾਗਰੀ | ਜਨਮ ਮਿਤੀ | ਰਿਜ. ਰੋਸਟਰ ਨੁਕਤਾ | ਅਲਾਟ ਕੀਤਾ ਗਿਆ ਸਟੇਸ਼ਨ |
|---|---|---|---|---|---|---|---|---|---|
| 1 | 2 | 96558 | ਅਮਨਬੀਰ ਸਿੰਘ | ਐਸ.ਐਲ.ਏ. | ਸਸਸਸ ਵਡਾਲਾ ਗ੍ਰੰਥੀਆਂ, ਗੁਰਦਾਸਪੁਰ | ਜਨਰਲ | 01.5.84 | ਕੋਈ ਨਹੀਂ | ਸਸਸਸ (ਮੁੰਡੇ) ਫਤਿਹਗੜ੍ਹ ਚੂੜੀਆਂ, ਗੁਰਦਾਸਪੁਰ |

ਸ਼ਰਤਾਂ-

1. ਇਹ ਤਰੱਕੀਆਂ "ਪੰਜਾਬ ਐਜੂਕੇਸ਼ਨਲ (ਟੀਚਿੰਗ ਕਾਡਰ) ਗਰੁੱਪ-ਸੀ, ਰੂਲਜ਼ 2018", "ਪੰਜਾਬ ਐਜੂਕੇਸ਼ਨਲ (ਟੀਚਿੰਗ ਕਾਡਰ) ਬਾਰਡਰ ਏਰੀਆ, ਗਰੁੱਪ-ਸੀ, ਰੂਲਜ਼ 2018 "ਪੰਜਾਬ ਐਜੂਕੇਸ਼ਨਲ (ਟੀਚਿੰਗ ਕਾਡਰ) ਗਰੁੱਪ-ਸੀ, ਸੇਵਾਵਾਂ (ਪਹਿਲੀ ਸੋਧ), ਰੂਲਜ਼, 2020" ਅਤੇ "ਪੰਜਾਬ ਐਜੂਕੇਸ਼ਨਲ (ਟੀਚਿੰਗ ਕਾਡਰ) ਬਾਰਡਰ ਏਰੀਆ, ਗਰੁੱਪ-ਸੀ ਸੇਵਾਵਾਂ (ਪਹਿਲੀ ਸੋਧ) ਰੂਲਜ਼ 2020" ਅਤੇ "ਪੰਜਾਬ ਐਜੂਕੇਸ਼ਨਲ (ਟੀਚਿੰਗ ਕਾਡਰ) ਗਰੁੱਪ-ਸੀ, ਸੇਵਾਵਾਂ (ਸੋਧ), ਰੂਲਜ਼, 2021", "ਪੰਜਾਬ ਐਜੂਕੇਸ਼ਨਲ (ਟੀਚਿੰਗ ਕਾਡਰ) ਬਾਰਡਰ ਏਰੀਆ, ਗਰੁੱਪ-ਸੀ ਸੇਵਾਵਾਂ (ਸੋਧ) ਰੂਲਜ਼ 2021 " ਅਨੁਸਾਰ ਅਨੁਸਾਰ ਕੀਤੀਆਂ ਗਈਆਂ ਹਨ ।
2. ਸਬੰਧਤ ਕਰਮਚਾਰੀ/ਕਰਮਚਾਰਨ ਯੂ.ਜੀ.ਸੀ. ਦੀਆਂ ਗਾਈਡਲਾਈਨਜ਼ ਅਨੁਸਾਰ ਮਾਨਤਾ ਪ੍ਰਾਪਤ ਯੂਨੀਵਰਸਿਟੀ ਤੋਂ ਨਿਯਮਾਂ ਅਨੁਸਾਰ (ਬੀ.ਏ./ ਬੀ.ਐਸ.ਸੀ./ ਬੀ.ਐਡ. ਆਦਿ) ਪਾਸ ਹੋਵੇ ਅਤੇ ਵਿਭਾਗ ਵੱਲੋਂ ਸਮੇਂ ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ / ਨਿਯਮਾਂ ਅਨੁਸਾਰ ਵਿਸ਼ਾ ਜੋੜ ਦੀ ਸ਼ਰਤ ਪੂਰੀ ਕਰਦਾ / ਕਰਦੀ ਹੋਵੇ।
3. ਸਬੰਧਤ ਸਕੂਲ ਮੁਖੀ ਕਰਮਚਾਰੀ / ਕਰਮਚਾਰਨ ਨੂੰ ਫਾਰਗ ਕਰਨ ਤੋਂ ਪਹਿਲਾਂ ਉਸ ਦੇ ਮੁਕੰਮਲ ਸੇਵਾ ਰਿਕਾਰਡ ਅਤੇ ਵਿਦਿਅਕ ਯੋਗਤਾਵਾਂ ਸਬੰਧੀ ਰਿਕਾਰਡ (ਨਿਯਮਾਂ ਅਨੁਸਾਰ) ਚੈੱਕ ਕਰਨਗੇ।
4. ਸਬੰਧਤ ਪਦ-ਉੱਨਤ ਕੀਤਾ ਗਿਆ ਕਰਮਚਾਰੀ ਰੈਗੂਲਰ ਤੌਰ ਤੇ ਕੰਮ ਕਰਦਾ ਹੋਣਾ ਚਾਹੀਦਾ ਹੈ ਅਤੇ ਤਰੱਕੀ ਤੋਂ ਪਹਿਲਾ ਵਾਲੀ ਆਸਾਮੀ ਤੇ ਉਸਦਾ ਪਰਖ ਕਾਲ ਸਮਾਂ ਕਲੀਅਰ ਹੋਣਾ ਚਾਹੀਦਾ ਹੈ।
5. ਡਿਪਾਰਟਮੈਂਟ ਆਫ ਪ੍ਰਸੋਨਲ ਐਂਡ ਐਡਮਨਿਸਟ੍ਰੇਟਿਵ ਰੀਫਾਰਮਸ (ਪਰਸੋਨਲ ਪਾਲਿਸੀ ਬਰਾਂਚ-1) ਦੀ ਨੋਟੀਫਿਕੇਸ਼ਨ ਮਿਤੀ 04.05.1994 ਅਨੁਸਾਰ ਪੰਜਾਬ ਸਿਵਲ ਸਰਵਿਸਜ਼ (ਜਨਰਲ ਐਂਡ ਕਾਮਨ ਕੰਡੀਸ਼ਨਜ਼ ਆਫ ਸਰਵਿਸਜ) ਰੂਲ 1994 ਤਹਿਤ ਤਰੱਕੀ ਉਪਰੰਤ ਸਮੇਂ ਸਿਰ ਹਾਜਰ ਨਾ ਹੋਣ ਵਾਲੇ ਕਰਮਚਾਰੀਆਂ ਨੂੰ ਨਿਯਮਾਂ ਅਨੁਸਾਰ ਡੀਬਾਰ ਕੀਤਾ ਜਾਵੇਗਾ।
6. ਇਹ ਪਦ-ਉੱਨਤੀ ਦੇ ਹੁਕਮ, ਭਵਿੱਖ ਵਿੱਚ ਕਿਸੇ ਤਰ੍ਹਾਂ ਦੇ ਤੱਥ ਗਲਤ ਸਾਬਿਤ ਹੋਣ ਦੀ ਸੂਰਤ ਵਿੱਚ ਜਾਂ ਸਬੰਧਤ ਕਰਮਚਾਰੀ ਵੱਲੋਂ ਈ-ਪੰਜਾਬ / ਆਈ.ਐੱਚ.ਆਰ.ਐਮ.ਐਸ, ਪੋਰਟਲ ਤੇ ਗਲਤ ਵੇਰਵੇ ਕਾਰਨ ਜਾਂ ਸਬੰਧਤ ਕਰਮਚਾਰੀ ਦੇ ਕੰਮ ਅਤੇ ਆਚਰਣ ਤਸੱਲੀਬਖਸ਼ ਨਾ ਹੋਣ ਕਾਰਨ ਬਿਨ੍ਹਾਂ ਕਿਸੇ ਨੋਟਿਸ ਦਿੱਤੇ ਰੱਦ ਕਰ ਦਿੱਤੇ ਜਾਣਗੇ।
7. ਸਬੰਧਤ ਕਰਮਚਾਰੀ/ਕਰਮਚਾਰਨ ਦੀ ਮਾਸਟਰ/ਮਿਸਟ੍ਰੈਸ ਕਾਡਰ ਵਿੱਚ ਸੀਨੀਆਰਤਾ ਨਿਯਮਾਂ ਅਨੁਸਾਰ ਫਿਕਸ ਕੀਤੀ ਜਾਵੇਗੀ। ਕਰਮਚਾਰੀ/ਕਰਮਚਾਰਨ ਨੂੰ ਵਿੱਤੀ ਲਾਭ ਉਸ ਦੀ ਹਾਜਰੀ ਦੀ ਮਿਤੀ ਤੋਂ ਮਿਲਣ ਯੋਗ ਹੋਣਗੇ ।

8. ਸਬੰਧਤ ਕਰਮਚਾਰੀ/ਕਰਮਚਾਰਨ ਵਿਰੁੱਧ ਕੋਈ ਸ਼ਿਕਾਇਤ/ਪੜਤਾਲ ਪੈਂਡਿੰਗ ਨਾ ਹੋਣ ਦੀ ਸੂਰਤ ਵਿੱਚ ਹੀ ਉਸ ਨੂੰ ਤਰੱਕੀ ਉਪਰੰਤ ਪੋਸਟਿੰਗ ਵਾਲੀ ਥਾਂ ਤੇ ਹਾਜ਼ਰ ਕਰਵਾਇਆ ਜਾਵੇ।
9. ਇਹ ਸੁਨਿਸ਼ਚਿਤ ਕੀਤਾ ਜਾਵੇ ਕਿ ਜਿਨ੍ਹਾਂ ਕਰਮਚਾਰੀਆਂ ਨੇ ਵਿਭਾਗੀ ਸੇਵਾ ਦੌਰਾਨ ਪੱਤਰ- ਵਿਹਾਰ/ਰੈਗੂਲਰ ਮੋਡ ਰਾਹੀਂ ਵਿਦਿਅਕ ਯੋਗਤਾਵਾਂ ਹਾਸਲ ਕੀਤੀਆ ਹਨ, ਉਨ੍ਹਾਂ ਨੇ ਵਿਭਾਗੀ ਮੰਜ਼ੂਰੀ ਲਈ ਹੋਵੇ ਅਤੇ ਇਹ ਵੀ ਸੁਨਿਸ਼ਚਿਤ ਕੀਤਾ ਜਾਵੇ ਕਿ ਜੇਕਰ ਅਜਿਹੇ ਕਰਮਚਾਰੀਆਂ ਨੇ ਲੋੜੀਂਦੀਆਂ ਵਿਦਿਅਕ ਯੋਗਤਾਵਾਂ ਰੈਗੂਲਰ ਤੌਰ ਤੇ ਪ੍ਰਾਪਤ ਕੀਤੀਆਂ ਹਨ, ਤਾਂ ਇਸ ਸਬੰਧੀ ਸਮਰੱਥ ਅਧਿਕਾਰੀ ਤੋਂ ਲੋੜੀਂਦੀ ਛੁੱਟੀ ਦੀ ਮੰਜ਼ੂਰੀ ਪ੍ਰਾਪਤ ਕੀਤੀ ਹੋਵੇ।
10. ਜੇਕਰ ਕਿਸੇ ਕਾਰਨ ਵੱਖ-ਵੱਖ ਵਿਸ਼ਿਆਂ ਵਿੱਚ ਪਦ-ਉਨਤ ਕਰਮਚਾਰੀਆਂ ਤੋਂ ਸੀਨੀਅਰ ਕਰਮਚਾਰੀ ਤਰੱਕੀ ਲੈਣ ਤੋਂ ਵਾਂਝਾ ਰਹਿ ਗਿਆ ਹੋਵੇ ਅਤੇ ਉਸ ਦੀ ਤਰੱਕੀ ਕਾਰਨ ਕਿਸੇ ਕਰਮਚਾਰੀ ਨੂੰ ਰਿਵਰਟ ਕਰਨਾ ਪਿਆ ਤਾਂ ਉਸ ਨੂੰ ਬਿਨਾਂ ਨੋਟਿਸ ਦਿੱਤੇ ਰਿਵਰਟ ਕਰ ਦਿੱਤਾ ਜਾਵੇਗਾ।
11. ਇਹ ਤਰੱਕੀ ਇੱਕ ਸਾਲ ਦੇ ਸਮੇਂ ਲਈ ਪ੍ਰਬੇਸ਼ਨ ਤੇ ਹੋਵੇਗੀ।
12. ਐਲ.ਪੀ.ਏ. 1843 ਆਫ 2019- ਸਟੇਟ ਆਫ ਪੰਜਾਬ ਅਤੇ ਹੋਰ ਬਨਾਮ ਕਰਮਜੀਤ, ਸਿ.ਰਿ.ਪ. ਨੰ. 13563 ਆਫ 2016 ਬਲਦੇਵ ਸਿੰਘ ਅਤੇ ਹੋਰ ਬਨਾਮ ਪੰਜਾਬ ਸਰਕਾਰ, ਸਿ.ਰਿ.ਪ. ਨੰ. 13463 ਆਫ 2020 ਅਮਨਦੀਪ ਕੋਰ ਅਤੇ ਹੋਰ ਬਨਾਮ ਪੰਜਾਬ ਸਰਕਾਰ ਅਤੇ ਸਿ.ਰਿ.ਪ. ਨੰ. 12535 ਆਫ 2020 ਪ੍ਰਦੀਪ ਕੁਮਾਰ ਗੁਪਤਾ ਅਤੇ ਹੋਰ ਬਨਾਮ ਪੰਜਾਬ ਸਰਕਾਰ ਅਤੇ ਹੋਰ ਸਬੰਧਤ ਮੇਲ ਖਾਦੀਆਂ ਰਿੱਟ ਪਟੀਸ਼ਨਾਂ/ ਹੋਰ ਕਿਸੇ ਵੀ ਸਬੰਧਤ ਕੋਰਟ ਕੇਸ ਵਿੱਚ ਹੋਣ ਵਾਲਾ ਅੰਤਿਮ ਫੈਸਲਾ ਇਹਨਾਂ ਤਰੱਕੀਆਂ ਤੇ ਲਾਗੂ ਹੋਵੇਗਾ। ਪਦ-ਉਨਤੀਆਂ ਬਿਲਕੁੱਲ ਆਰਜੀ ਹਨ ਅਤੇ ਉਕਤ ਰਿੱਟ ਪਟੀਸ਼ਨਾਂ/ਹੋਰ ਸਬੰਧਤ ਮੇਲ ਖਾਦੀਆਂ ਰਿੱਟ ਪਟੀਸ਼ਨਾਂ ਦੇ ਫੈਸਲੇ ਉਪਰ ਨਿਰਭਰ ਕਰਨਗੀਆਂ।
13. ਇਹ ਪਦ-ਉਨਤ ਕਰਮਚਾਰੀ/ਕਰਮਚਾਰਨ ਆਪਣੀ ਹਾਜਰੀ 7 ਦਿਨਾਂ ਦੇ ਅੰਦਰ-2 ਸਬੰਧਤ ਜਿਲੇ ਦੇ ਦਫ਼ਤਰ ਨੂੰ ਪੇਸ਼ ਕਰਨਗੇ।
14. ਸਬੰਧਤ ਡੀ.ਡੀ.ਓ. ਕਰਮਚਾਰੀਆਂ ਦੀ ਤਨਖਾਹ ਫਿਕਸ ਕਰਦੇ ਸਮੇਂ ਛੇਵੇਂ ਪੇ-ਕਮਿਸ਼ਨ ਅਧੀਨ ਕਰਮਚਾਰੀਆਂ ਵੱਲੋਂ ਦਿੱਤੀਆਂ ਗਈਆਂ ਆਪਸ਼ਨਾਂ ਨੂੰ ਧਿਆਨ ਵਿੱਚ ਰੱਖਣਗੇ।

ਪਰਮਜੀਤ ਸਿੰਘ
ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ

ਪਿੱਠ ਅੰਕਣ ਨੰਬਰ- ਉਕਤ/2024172861 ਮਿਤੀ, ਐਸ.ਏ.ਐਸ.ਨਗਰ- 17.07.2024

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ-

1. ਸਬੰਧਤ ਜਿਲ੍ਹਾ ਸਿੱਖਿਆ ਅਫ਼ਸਰ (ਸੈਸਿ / ਐਸਿ) ਨੂੰ ਸਬੰਧਤ ਪਦ-ਉੱਨਤ ਕਰਮਚਾਰੀਆਂ ਨੂੰ ਉਕਤ ਸ਼ਰਤਾਂ ਅਧੀਨ ਫਾਰਗ / ਹਾਜਰ ਕਰਵਾਉਣ ਹਿੱਤ ਭੇਜਿਆ ਜਾਂਦਾ ਹੈ।
2. ਸਬੰਧਤ ਸਕੂਲ ਮੁਖੀ / ਸੰਸਥਾਂ ਦਾ ਮੁਖੀ।
3. ਸਬੰਧਤ ਕਰਮਚਾਰੀ / ਕਰਮਚਾਰਨ ਇਹਨਾਂ ਹੁਕਮਾਂ ਦੀ ਕਾਪੀ www.ssapunjab.org ਤੋਂ ਪ੍ਰਾਪਤ ਕਰਨਗੇ।

17/07/2024

ਸਹਾਇਕ ਡਾਇਰੈਕਟਰ (ਪ੍ਰਮੋਸ਼ਨ)